202626781
9/02/2026


ਦਫ਼ਤਰ ਉਪ ਮੰਡਲ ਮੈਜਿਸਟਰੇਟ-ਕਮ-ਚੋਣਕਾਰ ਰਜਿਸਟਰੇਸ਼ਨ ਅਫਸਰ

090-ਰਾਮਪੁਰਾ ਫੂਲ ਵਿਧਾਨ ਸਭਾ ਚੋਣ ਹਲਕਾ

OFFICE OF THE SUB DIVISIONAL MAGISTRATE-Cum-ELECTORAL REGISTRATION OFFICE

90-RAMPURA PHUL A.C.

Phone No.01651-248225 Fax No. 01651-248025 E-mail: ero90rampuraphul@gmail.com


ਜ਼ਿੰਮੇਵਾਰ ਬਣੋ, ਵੋਟਰ ਬਣੋ ਜ਼ਿੰਮੇਵਾਰ ਬਣੋ, ਵੋਟਰ ਬਣੋ

ਵੱਲ

01. ਸਮੂਹ ਸੈਕਟਰ ਅਫਸਰ,
090 ਰਾਮਪੁਰਾ ਫੂਲ, ਵਿਧਾਨ ਸਭਾ ਹਲਕਾ

02. ਸਮੂਹ ਬੀ.ਐਲ.ਓਜ਼,
090 ਰਾਮਪੁਰਾ ਫੂਲ, ਵਿਧਾਨ ਸਭਾ ਹਲਕਾ

ਪੱਤਰ ਨੰ.315-18/ਚੋਣ ਸ਼ਾਖਾ ਮਿਤੀ: 9/2/26

ਵਿਸ਼ਾ: Mapping of Electors and verification of the Blurred, non dimensional and non-human photos of the electors roll and removal of illogical erros/Gibberish entires, reg.

ਹਵਾਲਾ: ਜ਼ਿਲ੍ਹਾ ਚੋਣ ਅਫਸਰ, ਬਠਿੰਡਾ ਜੀ ਦੇ ਪੱਤਰ ਨੰ. 257-262 ਮਿਤੀ 05-02-2026 ਦੇ ਸਬੰਧ ਵਿਚ

ਉਪਰੋਕਤ ਵਿਸ਼ੇ ਦੇ ਸਬੰਧ ਵਿਚ ਹਵਾਲਾ ਅਧੀਨ ਪੱਤਰ ਰਾਹੀਂ ਪ੍ਰਾਪਤ ਹਦਾਇਤਾਂ ਅਨੁਸਾਰ ਆਪ ਨੂੰ ਲਿਖਿਆ ਜਾਂਦਾ ਹੈ ਕਿ:-

01. ਹਲਕੇ ਬੀ.ਐਲ.ਓ ਵਲੋਂ Blurred, non-dimensional and non-human photos of the electors from the electoral roll and removal of illogical erros/Gibberish entries and Black and white photo replacement with colour photo, table top exercise ਕਰਕੇ ਵੋਟਰ ਪਾਸੋਂ ਫਾਰਮ ਨੰ. 8 ਭਰਵਾ ਕੇ ਵੋਟਰ ਸੂਚੀ ਨੂੰ ਦਰੁਸਤ ਕੀਤਾ ਜਾਣਾ ਹੈ। ਇਸ ਸਬੰਧੀ ਆਪ ਸਭ ਨੂੰ ਰੰਗੀਨ ਵੋਟਰ ਸੂਚੀ ਪਹਿਲਾਂ ਹੀ ਮੁਹੱਈਆ ਕਰਵਾ ਦਿੱਤੀ ਗਈ ਹੈ। ਬੂਥ ਵਾਈਜ਼ ਜੋ ਫਾਰਮ ਅਜੇ ਭਰੇ ਜਾਣੇ ਹਨ, ਉਹਨਾਂ ਡਾਟਾ ਸਾਰੇ ਸੈਕਟਰ ਅਫਸਰਾਂ ਨੂੰ ਮੁਹੱਈਆ ਕਰਵਾ ਦਿੱਤਾ ਗਿਆ ਹੈ।

02. ਜਿਨ੍ਹਾਂ ਪੋਲਿੰਗ ਸਟੇਸ਼ਨਾਂ ਦੀ ਮੈਪਿੰਗ 50 ਪ੍ਰਤੀਸ਼ਤ ਤੋਂ ਘੱਟ ਹੈ, ਉਨ੍ਹਾਂ ਪੋਲਿੰਗ ਸਟੇਸ਼ਨਾਂ ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਮੈਪਿੰਗ ਪ੍ਰਤੀਸ਼ਤਤਾ ਨੂੰ ਵਧਾਇਆ ਜਾ ਸਕੇ।

03. ਆਪ ਅਧੀਨ ਆਉਂਦੇ ਬੀ.ਐਲ.ਓਜ਼ ਜਿਨ੍ਹਾਂ ਵਲੋਂ ਵਧੀਆ ਮੈਪਿੰਗ ਕੀਤੀ ਗਈ ਹੈ,ਵਲੋਂ ਘੱਟ ਮੈਪਿੰਗ ਕਰਨ ਵਾਲੇ ਬੀ.ਐਲ.ਓਜ਼ ਦੀ ਆਪਸੀ ਮੀਟਿੰਗ/ਟਰੇਨਿੰਗ ਕਰਵਾਈ ਜਾਵੇ।

04. ਸਮੂਹ ਸੈਕਟਰ ਅਫਸਰ ਅਧੀਨ ਆਉਂਦੇ ਬੀ.ਐਲ.ਓਜ਼ ਦੇ ਮੈਪਿੰਗ ਦੇ ਕੰਮ ਦੀ ਸੁਪਰਵਿਜ਼ਨ ਕਰਨਗੇ ਅਤੇ ਫਾਰਮਾਂ ਦਾ ਨਿਪਟਾਰਾ ਸਮੇਂ ਸਿਰ ਕਰਵਾਉਣਾ ਯਕੀਨੀ ਬਣਾਉਣਗੇ।

ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਹਰੇਕ ਹਫ਼ਤੇ ਦੇ ਮੰਗਲਵਾਰ ਅਤੇ ਬੁੱਧਵਾਰ ਆਪਣੇ ਆਪਣੇ ਬੂਥਾਂ ਦੇ ਏਰੀਏ ਵਿਚ ਜਾ ਕੇ ਉਕਤ ਅਨੁਸਾਰ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ। ਸੈਕਟਰ ਅਫਸਰ ਉਕਤ ਦਿਨਾਂ ਵਿਚ ਫੀਲਡ ਵਿਚ ਜਾ ਕੇ ਬੀ.ਐਲ.ਓਜ਼ ਦਾ ਸਹਿਯੋਗ ਦੇਣਗੇ ਅਤੇ ਜੇਕਰ ਉਨ੍ਹਾਂ ਵਲੋਂ ਕੋਈ ਕਰਮਚਾਰੀ ਆਪਣੀ ਡਿਊਟੀ ਤੋਂ ਗੈਰ-ਹਾਜ਼ਰ ਪਾਇਆ ਜਾਂਦਾ ਹੈ ਤਾਂ ਉਸਦੇ ਖਿਲਾਫ ਲੋਕ ਪ੍ਰਤੀਨਿਧਤਾ ਐਕਟ 1950 ਦੀ ਧਾਰਾ 32 ਅਧੀਨ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਇਸ ਨੂੰ ਅਤਿ ਜ਼ਰੂਰੀ ਸਮਝਿਆ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫਸਰ-ਕਮ
ਉਪ ਮੰਡਲ ਮੈਜਿਸਟਰੇਟ, ਰਾਮਪੁਰਾ ਫੂਲ।
090-ਰਾਮਪੁਰਾ ਫੂਲ ਵਿਧਾਨ ਸਭਾ ਚੋਣ ਹਲਕਾ।

ਪਿੱਠ ਅੰਕਣ ਨੰਬਰ 317-18/ਚੋਣ ਸ਼ਾਖਾ ਮਿਤੀ: 9/2/26

ਇਸ ਦਾ ਇਕ ਉਤਾਰਾ:

1. ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਜੀ ਪਾਸ ਹਵਾਲਾ ਅਧੀਨ ਪੱਤਰ ਦੇ ਸਬੰਧ ਵਿਚ ਸੂਚਨਾ ਹਿੱਤ,
2. ਸਮੂਹ ਵਿਭਾਗਾਂ ਦੇ ਮੁਖੀਆਂ ਪਾਸ ਭੇਜ ਕੇ ਲਿਖਿਆ ਜਾਂਦਾ ਹੈ ਕਿ 090 ਰਾਮਪੁਰਾ ਫੂਲ ਵਿਧਾਨ ਸਭਾ ਹਲਕਾ ਵਿਖੇ ਸੈਕਟਰ ਅਫਸਰ ਅਤੇ ਬੀ.ਐਲ.ਓ ਦੀ ਡਿਊਟੀ ਨਿਭਾ ਰਹੇ ਕਰਮਚਾਰੀਆਂ ਨੂੰ ਫਰਵਰੀ ਮਹੀਨੇ ਦੇ ਅੰਤ ਤੱਕ ਹਰੇਕ ਹਫਤੇ ਦੇ ਮੰਗਲਵਾਰ ਅਤੇ ਬੁੱਧਵਾਰ ਵਿਭਾਗੀ ਡਿਊਟੀ ਤੋਂ ਫਾਰਗ ਕੀਤਾ ਜਾਵੇ ਅਤੇ ਚੋਣ ਸਬੰਧੀ ਡਿਊਟੀ ਲਈ ਪਾਬੰਦ ਕੀਤਾ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫਸਰ-ਕਮ
ਉਪ ਮੰਡਲ ਮੈਜਿਸਟਰੇਟ, ਰਾਮਪੁਰਾ ਫੂਲ।
090-ਰਾਮਪੁਰਾ ਫੂਲ ਵਿਧਾਨ ਸਭਾ ਚੋਣ ਹਲਕਾ।

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ ਜੀ-1/1 ()2026/ 7033 ਮਿਤੀ: 09/02/26

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀ ਨੂੰ ,ਲਿਖਕੇ ਭੇਜਿਆ ਜਾਂਦਾ ਹੈ ਕਿ ਸਬੰਧਤ ਕਰਮਚਾਰੀ ਨੂੰ ਉਕਤ ਅਨੁਸਾਰ ਲਗਾਈ ਗਈ ਡਿਊਟੀ ਲਈ ਪਾਬੰਦ ਕਰਨਾ ਯਕੀਨੀ ਬਣਾਇਆ ਜਾਵੇ ।

09/02/26

ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।